**ਹਰਿ ਪ੍ਰਭੁ ਮੇਰੇ ਬਾਬੁਲਾ ਹਰਿ ਦੇਵਹੁ ਦਾਨੁ ਮੈ ਦਾਜੋ ॥ ਹਰਿ ਕਪੜੋ ਹਰਿ ਸੋਭਾ ਦੇਵਹੁ ਜਿਤੁ ਸਵਰੈ ਮੇਰਾ ਕਾਜੋ ॥ ਹਰਿ ਹਰਿ ਭਗਤੀ ਕਾਜੁ ਸੁਹੇਲਾ ਗੁਰਿ ਸਤਿਗੁਰਿ ਦਾਨੁ ਦਿਵਾਇਆ ॥ ਖੰਡਿ ਵਰਭੰਡਿ ਹਰਿ ਸੋਭਾ ਹੋਈ ਇਹੁ ਦਾਨੁ ਨ ਰਲੈ ਰਲਾਇਆ ॥ ਹੋਰਿ ਮਨਮੁਖ ਦਾਜੁ ਜਿ ਰਖਿ ਦਿਖਾਲਹਿ ਸੁ ਕੂੜੁ ਅਹੰਕਾਰੁ ਕਚੁ ਪਾਜੋ ॥ ਹਰਿ ਪ੍ਰਭ ਮੇਰੇ ਬਾਬੁਲਾ ਹਰਿ ਦੇਵਹੁ ਦਾਨੁ ਮੈ ਦਾਜੋ ॥੪॥ {ਪੰਨਾ 79}**

ਪਦਅਰਥ:- ਹਰਿ ਪ੍ਰਭ ਦਾਨੁ—ਹਰਿ ਪ੍ਰਭੂ (ਦੇ ਨਾਮ) ਦਾ ਦਾਨ। ਮੈ—ਮੈਨੂੰ। ਦਾਜੋ—ਦਾਜੁ। ਕਪੜੋ ਸੋਭਾ—(ਦਾਜ ਵਿਚ ਦਿੱਤਾ ਹੋਇਆ ਕੀਮਤੀ ) ਕੱਪੜਾ ਤੇ ਧਨ। ਜਿਤੁ —ਜਿਸ (ਦਾਜ) ਦੀ ਰਾਹੀਂ। ਸਵਰੈ—ਸੰਵਰ ਜਾਏ, ਸੋਹਣਾ ਲੱਗਣ ਲੱਗ ਪਏ। ਕਾਜੋ —ਕਾਜੁ, ਵਿਆਹ ਦਾ ਕੰਮ। ਸੁਹੇਲਾ —ਸੁਖਦਾਈ। ਗੁਰਿ—ਗੁਰੂ ਨੇ। ਸਤਿਗੁਰਿ —ਸਤਿਗੁਰੂ ਨੇ। ਖੰਡਿ —ਖੰਡ ਵਿਚ; ਦੇਸ ਵਿਚ, ਧਰਤੀ ਉੱਤੇ। ਵਰਭੰਡਿ—ਬ੍ਰਹਮੰਡ ਵਿਚ, ਸੰਸਾਰ ਵਿਚ। ਹਰਿ ਸੋਭਾ—ਹਰਿ-ਨਾਮ ਦੇ ਦਾਜ ਨਾਲ ਸੋਭਾ। ਨ ਰਲੈ ਰਲਾਇਆ—ਕੋਈ ਹੋਰ ਦਾਜ ਇਸ ਦੀ ਬਰਾਬਰੀ ਨਹੀਂ ਕਰ ਸਕਦਾ। ਹੋਰਿ —ਹੋਰ ਬੰਦੇ {ਨੋਟ:- 'ਹੋਰਿ' ਬਹੁ-ਵਚਨ ਹੈ}। ਮਨਮੁਖ—ਆਪਣੇ ਮਨ ਦੇ ਪਿਛੇ ਤੁਰਨ ਵਾਲੇ। ਜਿ —ਜਿਹੜਾ। ਰਖਿ—ਰੱਖ ਕੇ। ਕੂੜੁ—ਝੂਠਾ। ਕਚੁ—(ਕੱਚ ਵਰਗਾ) ਖੋਟਾ। ਪਾਜੋ—ਪਾਜੁ, ਵਿਖਾਵਾ।4।

ਅਰਥ:- ਹੇ ਮੇਰੇ ਪਿਤਾ! (ਮੈਂ ਤੈਥੋਂ ਦਾਜ ਮੰਗਦੀ ਹਾਂ) ਮੈਨੂੰ ਹਰੀ-ਪ੍ਰਭੂ ਦੇ ਨਾਮ ਦਾ ਦਾਨ ਦੇਹ, ਮੈਨੂੰ ਇਹੀ ਦਾਜ ਦੇਹ। ਮੈਨੂੰ ਹਰੀ ਦਾ ਨਾਮ ਹੀ (ਦਾਜ ਦੇ) ਕੱਪੜੇ ਦੇਹ, ਮੈਨੂੰ ਹਰੀ ਦਾ ਨਾਮ ਹੀ (ਦਾਜ ਦੇ ਗਹਿਣੇ ਆਦਿਕ) ਧਨ ਦੇਹ, ਇਸੇ ਦਾਜ ਨਾਲ ਮੇਰਾ (ਪ੍ਰਭੂ-ਪਤੀ ਨਾਲ) ਵਿਆਹ ਸੋਹਣਾ ਲੱਗਣ ਲੱਗ ਪਏ।

ਪਰਮਾਤਮਾ ਦੀ ਭਗਤੀ ਨਾਲ ਹੀ (ਪਰਮਾਤਮਾ ਨਾਲ) ਵਿਆਹ ਦਾ ਉੱਦਮ ਸੁਖਦਾਈ ਬਣਦਾ ਹੈ। (ਜਿਸ ਜੀਵ-ਮੁਟਿਆਰ ਨੂੰ) ਗੁਰੂ ਨੇ ਸਤਿਗੁਰੂ ਨੇ ਇਹ ਦਾਨ (ਇਹ ਦਾਜ) ਦਿਵਾਇਆ ਹੈ, ਹਰੀ-ਨਾਮ ਦੇ ਦਾਜ ਨਾਲ ਉਸ ਦੀ ਸੋਭਾ (ਉਸ ਦੇ) ਦੇਸ ਵਿਚ ਸੰਸਾਰ ਵਿਚ ਹੋ ਜਾਂਦੀ ਹੈ । ਇਹ ਦਾਜ ਐਸਾ ਹੈ ਕਿ ਇਸ ਨਾਲ ਹੋਰ ਕੋਈ ਦਾਜ ਬਰਾਬਰੀ ਨਹੀਂ ਕਰ ਸਕਦਾ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਹੋਰ ਬੰਦੇ ਜਿਹੜਾ ਦਾਜ ਰੱਖ ਕੇ ਵਿਖਾਲਦੇ ਹਨ (ਵਿਖਾਲਾ ਪਾਂਦੇ ਹਨ) ਉਹ ਝੂਠਾ ਅਹੰਕਾਰ (ਪੈਦਾ ਕਰਨ ਵਾਲਾ) ਹੈ ਉਹ ਕੱਚ (ਸਮਾਨ) ਹੈ, ਉਹ (ਨਿਰਾ) ਵਿਖਾਵਾ ਹੀ ਹੈ।

ਹੇ ਮੇਰੇ ਪਿਤਾ! ਮੈਨੂੰ ਹਰੀ-ਪ੍ਰਭੂ ਦੇ ਨਾਮ ਦਾ ਦਾਨ ਦੇਹ, ਮੈਨੂੰ ਇਹੀ ਦਾਜ ਦੇਹ।4।